## ਸ਼੍ਰੇਣੀ ਅੱਠਵੀਂ

## ਪੰਜਾਬੀ (ਦੂਜੀ ਭਾਸ਼ਾ)

**ਉਦੇਸ਼**

1. **ਪੜ੍ਹਾਈ**

    (1) ਵਿਦਿਆਰਥੀ ਪੜ੍ਹਨ-ਸਮਗਰੀ ਨੂੰ ਬੋਲ ਕੇ ਅਤੇ ਚੁੱਪ-ਚਾਪ ਪੜ੍ਹ ਸਕੇ।

    (2) ਉਹ ਵਿਸਰਾਮ ਚਿੰਨ੍ਹਾਂ ਅਨੁਸਾਰ ਅਤੇ ਸਹੀ ਉਚਾਰਨ ਨਾਲ਼ ਪੜ੍ਹ ਸਕੇ।

    (3) ਉਹ ਛਪੀ ਸਮਗਰੀ ਤੋਂ ਇਲਾਵਾ ਹੱਥ-ਲਿਖਤ ਵੀ ਪੜ੍ਹ ਸਕੇ।

    (4) ਉਹ ਹਿੰਦੀ ਤੇ ਪੰਜਾਬੀ ਦੀਆਂ ਧੁਨੀਆਂ ਵਿੱਚ ਨਿਖੇੜਾ ਕਰ ਸਕੇ।

    (5) ਉਹ ਲੋੜ ਪੈਣ 'ਤੇ ਪਾਠ-ਪੁਸਤਕ ਤੋਂ ਬਿਨਾਂ ਕਿਸੇ ਹੋਰ ਲਿਖਤ ਅਰਥਾਤ ਕਵਿਤਾ, ਕਹਾਣੀ, ਵਾਰਤਾ, ਸੂਚਨਾ ਆਦਿ ਨੂੰ ਠਰ੍ਹੰਮੇ ਤੇ ਵਹਾਅ ਨਾਲ਼ ਪੜ੍ਹ ਕੇ ਸੁਣਾ ਸਕੇ।

2 **(ੳ) ਗ੍ਰਹਿਣ ਕਰਨਾ (ਪੜ੍ਹ ਕੇ)**

    (1) ਵਿਦਿਆਰਥੀ ਪਾਠ-ਪੁਸਤਕਾਂ ਵਿੱਚੋਂ ਕਿਸੇ ਪਾਠ ਨੂੰ ਪੜ੍ਹ ਕੇ ਉਸ ਦਾ ਸਾਰ ਦੱਸ ਸਕੇ।

    (2) ਉਹ ਪੜ੍ਹੀ ਹੋਈ ਸਮਗਰੀ ਬਾਰੇ ਪੁੱਛੇ ਗਏ ਸਵਾਲਾਂ ਦਾ ਉੱਤਰ ਦੱਸ ਸਕੇ।

    **(ਅ) ਗ੍ਰਹਿਣ ਕਰਨਾ (ਸੁਣ ਕੇ)**

    (1) ਵਿਦਿਆਰਥੀ ਦੂਜਿਆਂ ਦੇ ਵਿਚਾਰਾਂ ਨੂੰ ਸੁਣ ਕੇ ਸਮਝ ਕੇ।

    (2) ਉਹ ਬੋਲਣ ਵਾਲ਼ੇ ਦੇ ਸ਼ਬਦਾਂ ਵਿੱਚ ਲੁਕੇ ਵਿਅੰਗ ਆਦਿ ਨੂੰ ਸਮਝ ਅਤੇ ਸਲਾਹ ਸਕੇ।

    (3) ਉਹ ਕਹਾਣੀਆਂ, ਚੁਟਕਲੇ, ਕਵਿਤਾਵਾਂ ਅਤੇ ਗੀਤਾਂ ਆਦਿ ਨੂੰ ਸੁਣ ਕੇ ਸਲਾਹ ਸਕੇ।

3 **ਪ੍ਰਗਟਾਅ (ੳ) ਮੌਖਿਕ ਪ੍ਰਗਟਾਅ**

    (1) ਵਿਦਿਆਰਥੀ ਆਪਣੇ ਵਿਚਾਰਾਂ ਨੂੰ ਸਰਲਤਾ ਅਤੇ ਰਵਾਨੀ ਨਾਲ਼ ਪ੍ਰਗਟ ਕਰ ਸਕੇ।

    (2) ਉਹ ਆਪਣੇ ਆਲ਼ੇ-ਦੁਆਲ਼ੇ ਦੇ ਲੋਕਾਂ ਨਾਲ਼ ਗੱਲ-ਬਾਤ ਕਰ ਸਕੇ।

    (3) ਉਹ ਕਿਸੇ ਜਾਣੀ-ਪਛਾਣੀ ਵਸਤੂ, ਥਾਂ ਜਾਂ ਵਿਸ਼ੇ ਬਾਰੇ ਆਪਣੇ ਵਿਚਾਰ ਪ੍ਰਗਟ ਕਰ ਸਕੇ।

    **(ਅ) ਲਿਖਤੀ ਪ੍ਰਗਟਾਅ**

    (1) ਵਿਦਿਆਰਥੀ ਗੁਰਮੁਖੀ ਲਿਪੀ ਦੇ ਅੱਖਰਾਂ ਨੂੰ ਸੋਹਣਾ ਕਰਕੇ ਲਿਖ ਸਕੇ।

    (2) ਉਹ ਗੁਰਮੁਖੀ ਦੇ ਸ਼ਬਦ-ਜੋੜਾਂ ਨੂੰ ਦੇਵਨਾਗਰੀ ਦੇ ਸ਼ਬਦ-ਜੋੜਾਂ ਤੋਂ ਨਿਖੇੜ ਕੇ ਲਿਖ ਸਕੇ।

    (3) ਉਹ ਪਾਠ-ਪੁਸਤਕ ਵਿੱਚੋਂ ਪੜ੍ਹੀ ਹੋਈ ਸਮਗਰੀ ਬਾਰੇ ਪੁੱਛੇ ਸਵਾਲਾਂ ਦੇ ਜਵਾਬ ਲਿਖ ਸਕੇ।

    (4) ਉਹ ਆਪਣੇ ਆਲ਼ੇ-ਦੁਆਲ਼ੇ ਦੀਆਂ ਲੋੜਾਂ ਅਨੁਸਾਰ ਰੋਜ਼ਾਨਾ ਡਾਇਰੀ, ਸੂਚਨਾ ਆਦਿ ਨੂੰ ਲਿਖ ਸਕੇ।

    (5) ਉਹ ਨਿੱਤ ਦੇ ਜੀਵਨ ਦੀ ਲੋੜ ਅਨੁਸਾਰ ਰੋਜ਼ਾਨਾ ਡਾਇਰੀ, ਸੂਚਨਾ ਆਦਿ ਨੂੰ ਲਿਖ ਸਕੇ।

    (6) ਆਪਣੀ ਕਿਸੇ ਸਹੇਲੀ/ਮਿੱਤਰ ਤੇ ਸਾਕ ਸੰਬੰਧੀ ਨੂੰ ਚਿੱਠੀ ਆਦਿ ਲਿਖ ਸਕੇ।

ਮਿਡਲ ਸ਼੍ਰੇਣੀ ਵਿੱਚ ਪੰਜਾਬੀ (ਦੂਜੀ ਭਾਸ਼ਾ) ਦੀ ਲਿਖਣ ਸਮਗਰੀ ਵਿਸ਼ਾ-ਵਸਤੂ ਦੇ ਰੂਪ ਹੇਠ ਲਿਖੇ ਹੋਣਗੇ:

ਲੇਖ, ਚਿੱਠੀ/ਬਿਨੈ-ਪੱਤਰ, ਕਹਾਣੀ, ਕਵਿਤਾ, ਸਫ਼ਰ, ਘਟਨਾ ਜਾਂ ਦ੍ਰਿਸ਼-ਵਰਨਣ, ਪ੍ਰਸ਼ਨਾਂ ਦੇ ਉੱਤਰ, ਰੋਜ਼ਾਨਾ ਡਾਇਰੀ ਆਦਿ।

## ਪਾਠ-ਕ੍ਰਮ

1. **ਨਿਬੰਧ**

    ਨਿਬੰਧ ਲਿਖਣ ਲਈ ਵਿਸ਼ੇ ਇਸੇ ਪ੍ਰਕਾਰ ਹੋਣਗੇ:

    (ੳ) ਮੇਰਾ ਪਿੰਡ, ਮੇਰਾ ਸ਼ਹਿਰ ਜਾਂ ਕੋਈ ਸਥਾਨ।

    (ਅ) ਮਹਾਂਪੁਰਸ਼ਾਂ ਦੀਆਂ ਜੀਵਨੀਆਂ।

    (ੲ) ਅੱਖੀਂ ਡਿੱਠਾ ਮੈਚ/ਮੇਲਾ, ਸਕੂਲ ਦਾ ਸਲਾਨਾ ਸਮਾਗਮ, ਬੱਸ ਅੱਡਾ/ਰੇਲਵੇ ਸਟੇਸ਼ਨ ਦਾ ਦ੍ਰਿਸ਼।

    (ਸ) ਰੁੱਤਾਂ, ਤਿਉਹਾਰ।

    (ਹ) ਸੰਚਾਰ/ਮਨੋਰੰਜਨ ਦੇ ਸਾਧਨ ਜਿਵੇਂ ਰੇਡੀਓ, ਟੈਲੀਵੀਜ਼ਨ, ਸਿਨੇਮਾ।

    (ਕ) ਅਜੋਕੀਆਂ ਸਮੱਸਿਆਵਾਂ ਜਿਵੇਂ ਸੜਕ ਦੁਰਘਟਨਾ, ਪ੍ਰਦੂਸ਼ਣ, ਵਧਦੀ ਵਸੋਂ।

2. **ਬਿਨੈ-ਪੱਤਰ/ਪੱਤਰ**

    ਬਿਨੈ-ਪੱਤਰ: ਮੁੱਖ ਅਧਿਆਪਕ ਨੂੰ ਛੁੱਟੀ, ਜੁਰਮਾਨਾ ਮਾਫ਼ੀ ਜਾਂ ਕਿਸੇ ਵਿਸ਼ੇਸ਼ ਕੰਮ ਲਈ ਆਗਿਆ ਲੈਣ ਬਾਰੇ, ਸਥਾਨਕ ਅਧਿਕਾਰੀਆਂ ਜਿਵੇਂ ਮਿਉਂਸਪਲ ਕਮੇਟੀ/ਕਾਰਪੋਰੇਸ਼ਨ ਦੇ ਮੁਖੀ, ਸਿਹਤ ਅਧਿਕਾਰੀ, ਪੋਸਟ ਮਾਸਟਰ ਆਦਿ ਨੂੰ ਆਪਣੀਆਂ ਨਿੱਜੀ, ਆਪਣੇ ਗਲ਼ੀ ਮੁਹੱਲੇ, ਸ਼ਹਿਰ ਦੀਆਂ ਸਾਂਝੀਆਂ ਸਮੱਸਿਆਵਾਂ ਬਾਰੇ ਬਿਨੈ-ਪੱਤਰ ਲਿਖਣਾ।

    ਪੱਤਰ : ਪਰਿਵਾਰਿਕ/ਸਮਾਜਿਕ ਅਤੇ ਸਕੂਲ ਜੀਵਨ ਦੀਆਂ ਵੱਖ-ਵੱਖ ਸਥਿਤੀਆਂ ਬਾਰੇ ਚਿੱਠੀਆਂ ਲਿਖਣਾ। ਚਿੱਠੀਆਂ ਵਿੱਚ ਪੇਸ਼ਕਾਰੀ, ਸੂਚਨਾ ਦੇਣ ਜਾਂ ਸਥਿਤੀ ਵਰਨਣ ਵਾਲ਼ੀ ਹੀ ਹੋਵੇਗੀ।

3. ਪਾਠ-ਪੁਸਤਕ ਦੇ ਪਾਠਾਂ 'ਤੇ ਆਧਾਰਿਤ ਅਤੇ ਪਾਠ-ਅਭਿਆਸਾਂ ਦੇ ਪ੍ਰਸ਼ਨਾਂ ਦੇ ਉੱਤਰ ਲਿਖਣੇ।
4. ਪਾਠਾਂ ਵਿੱਚ ਆਏ ਸ਼ਬਦਾਂ, ਮੁਹਾਵਰਿਆਂ ਅਤੇ ਅਖਾਉਤਾਂ ਨੂੰ ਵਾਕਾਂ ਵਿੱਚ ਵਰਤਣਾ।
5. ਹਿੰਦੀ ਦੇ ਸ਼ਬਦਾਂ-ਜੋੜਾਂ ਦੀ ਥਾਂ ਪੰਜਾਬੀ ਦੇ ਸ਼ਬਦ-ਜੋੜ ਲਿਖਣੇ ਅਤੇ ਹਿੰਦੀ ਦੇ ਸ਼ਬਦਾਂ ਦੀ ਥਾਂ ਉਹਨਾਂ ਦੇ ਮਾਨਾਰਥਕ ਪੰਜਾਬੀ ਦੇ ਸ਼ਬਦ ਲਿਖਣੇ।

**ਨਿਰਧਾਰਿਤ ਪਾਠ-ਪੁਸਤਕਾਂ :**

1) ਪੰਜਾਬੀ ਪਾਠ-ਪੁਸਤਕ-8 (ਦੂਜੀ ਭਾਸ਼ਾ)

2)ਪੰਜਾਬੀ ਵਿਆਕਰਨ ਤੇ ਲੇਖ ਰਚਨਾ

(ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)